**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 17-05-2025**

ਆਪ੍ਰੇਸ਼ਨ ਸਿੰਦੂਰ ਦੇ ਮੱਦੇਨਜ਼ਰ ਸਰਕਾਰ ਪਾਕਿਸਤਾਨ ਸਮਰਥਿਤ ਦਹਿਸ਼ਤਗਰਦੀ ਵਿਰੁੱਧ ਭਾਰਤ ਦੇ ਰੁੱਖ ਨੂੰ ਪੇਸ਼ ਕਰਨ ਲਈ ਵੱਖ-ਵੱਖ ਦੇਸ਼ਾਂ ਵਿੱਚ ਬਹੁ-ਪਾਰਟੀ ਵਫ਼ਦ ਭੇਜ ਰਹੀ ਏ। ਸੱਤ ਸਰਬ-ਪਾਰਟੀ ਵਫ਼ਦ ਇਸ ਮਹੀਨੇ ਦੇ ਅੰਤ ਵਿੱਚ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮੈਂਬਰਾਂ ਸਮੇਤ ਮੁੱਖ ਭਾਈਵਾਲ ਦੇਸ਼ਾਂ ਦਾ ਦੌਰਾ ਕਰਨਗੇ । ਇਹ ਵਫ਼ਦ ਭਾਰਤ ਦੀ ਰਾਸ਼ਟਰੀ ਸਹਿਮਤੀ ਤੇ ਸਾਰੇ ਰੂਪਾਂ ਤੇ ਪ੍ਰਗਟਾਵਿਆਂ ਵਿਚ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ ਲਈ ਦ੍ਰਿੜ ਪਹੁੰਚ ਨੂੰ ਪੇਸ਼ ਕਰਨਗੇ। ਉਹ ਦੁਨੀਆ ਨੂੰ ਭਾਰਤ ਦੇ ਦਹਿਸ਼ਤਗਰਦੀ ਵਿਰੁੱਧ ਜ਼ੀਰੋ-ਟੌਲਰੈਂਸ ਦੇ ਸਖ਼ਤ ਸੰਦੇਸ਼ ਨੂੰ ਅੱਗੇ ਵਧਾਉਣਗੇ। ਵਫ਼ਦਾਂ ਵਿੱਚ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਸੰਸਦ ਮੈਂਬਰ, ਪ੍ਰਮੁੱਖ ਰਾਜਨੀਤਿਕ ਸ਼ਖਸੀਅਤਾਂ ਤੇ ਪ੍ਰਸਿੱਧ ਡਿਪਲੋਮੈਟ ਸ਼ਾਮਲ ਨੇ । ਸੱਤ ਵਫ਼ਦ ਦੀ

ਅਗਵਾਈ ਕਾਂਗਰਸ ਦੇ ਸੰਸਦ ਮੈਂਬਰ ਸ਼ਸ਼ੀ ਥਰੂਰ, ਭਾਜਪਾ ਸੰਸਦ ਮੈਂਬਰ ਰਵੀਸ਼ੰਕਰ ਪ੍ਰਸਾਦ, ਜੇਡੀਯੂ ਸੰਸਦ ਮੈਂਬਰ ਸੰਜੇ ਕੁਮਾਰ ਝਾਅ, ਭਾਜਪਾ ਸੰਸਦ ਮੈਂਬਰ ਬੈਜਯੰਤ ਪਾਂਡਾ, ਡੀਐੱਮਕੇ ਸੰਸਦ ਮੈਂਬਰ ਕਨੀਮੋਝੀ ਕਰੁਣਾਨਿਧੀ, ਐਨਸੀਪੀ ਸੰਸਦ ਮੈਂਬਰ ਸੁਪ੍ਰੀਆ ਸੁਲੇ ਅਤੇ ਸ਼ਿਵ ਸੈਨਾ ਸੰਸਦ ਮੈਂਬਰ ਸ਼੍ਰੀਕਾਂਤ ਏਕਨਾਥ ਸ਼ਿੰਦੇ ਕਰਨਗੇ।

---------------------------------------------------------

ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਕਿਹਾ ਏ ਕਿ ਅਮਰੀਕਾ ਨਾਲ ਚੱਲ ਰਹੀ ਵਪਾਰਕ ਗੱਲਬਾਤ ਗੁੰਝਲਦਾਰ ਏ ਤੇ ਅੰਤਿਮ ਤੋਂ ਬਹੁਤ ਦੂਰ ਏ। ਜੈਸ਼ੰਕਰ ਨੇ ਇਹ ਗੱਲ ਡੋਨਾਲਡ ਟਰੰਪ ਦੇ ਉਸ ਬਿਆਨ 'ਤੇ ਕਹੀ, ਜਿਸ ਵਿੱਚ ਉਨ੍ਹਾਂ ਦਾਅਵਾ ਕੀਤਾ ਸੀ ਕਿ ਭਾਰਤ ਨੇ ਅਮਰੀਕੀ ਸਾਮਾਨਾਂ 'ਤੇ ਸਾਰੇ ਟੈਰਿਫ ਹਟਾਉਣ ਦੀ ਪੇਸ਼ਕਸ਼ ਕੀਤੀ ਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਦੇਸ਼ ਮੰਤਰੀ ਨੇ ਕਿਹਾ ਕਿ ਭਾਰਤ ਤੇ ਅਮਰੀਕਾ ਵਿਚਕਾਰ ਵਪਾਰਕ ਗੱਲਬਾਤ ਚੱਲ ਰਹੀ ਏ ਤੇ ਵਪਾਰ ਸਮਝੌਤਾ ਆਪਸੀ ਤੌਰ 'ਤੇ ਲਾਭਦਾਇਕ ਹੋਣਾ ਚਾਹੀਦਾ ਏ ਤੇ ਇਸ ਨੂੰ ਦੋਵਾਂ ਦੇਸ਼ਾਂ ਲਈ ਕੰਮ ਕਰਨਾ ਚਾਹੀਦਾ ਏ। ਇਸ ਤੋਂ ਪਹਿਲਾਂ ਅਮਰੀਕੀ

ਰਾਸ਼ਟਰਪਤੀ ਨੇ ਕਿਹਾ ਸੀ ਕਿ ਸਪੱਸ਼ਟ ਸਫਲਤਾ ਦੇ ਬਾਵਜੂਦ ਉਹ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇਣ ਦੀ ਕਾਹਲੀ ਵਿੱਚ ਨਹੀਂ । ਇੱਕ ਇੰਟਰਵਿਊ ਵਿੱਚ, ਡੋਨਾਲਡ ਟਰੰਪ ਨੇ ਕਿਹਾ ਕਿ ਉਹ ਹਰ ਕਿਸੇ ਨਾਲ ਸੌਦੇ ਕਰਨ ਦੀ ਯੋਜਨਾ ਨਹੀਂ ਬਣਾ ਰਹੇ ਹਨ।

---------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋਕਾਂ ਨੂੰ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਪਹਿਰੇਦਾਰ ਵਜੋਂ ਕੰਮ ਕਰਨ ਦਾ ਸੱਦਾ ਦਿੱਤਾ ਏ । ਲੋਕਾਂ ਨੂੰ ਨਸ਼ਿਆਂ ਵਿਰੁੱਧ ਜੰਗ ‘ਚ ਸਹੁੰ ਚੁਕਾਉਣ ਲਈ ਰੱਖੇ ਗਏ ਸਮਾਗਮ ਵਿਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਜਾਣ ਕੇ ਬਹੁਤ ਖੁਸ਼ੀ ਹੋਈ ਕਿ ਲੋਕ ਕਹਿ ਰਹੇ ਨੇ  ਕਿ ਯੁੱਧ ਨਸ਼ਿਆਂ ਵਿਰੁੱਧ ਦੀ ਸ਼ੁਰੂਆਤ ਤੋਂ ਬਾਅਦ ਪਿੰਡਾਂ ਵਿਚ ਹਾਲਾਤ ਬਦਲ ਗਏ ਨੇ । ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਫੈਸਲਾਕੁੰਨ ਜੰਗ ਯੋਜਨਾਬੱਧ ਤੇ ਬਹੁਤ ਹੀ ਸੁਚੱਜੇ ਢੰਗ ਨਾਲ ਚਲਾਈ ਗਈ ਏ , ਜਿਸ ਸਦਕਾ ਇਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਨੇ।  ਉਹਨਾਂ  ਕਿਹਾ ਕਿ ਨਸ਼ਿਆਂ ਦੀ ਸਪਲਾਈ ਲਾਈਨ ਨੂੰ ਤੋੜ ਕੇ

ਤਸਕਰਾਂ ਨੂੰ ਲਗਾਤਾਰ ਗ੍ਰਿਫ਼ਤਾਰ ਕਰਨ ਦੇ ਨਾਲ-ਨਾਲ ਨਸ਼ਾ ਪੀੜਤਾਂ ਦਾ ਮੁੜ-ਵਸੇਬਾ ਯਕੀਨੀ ਬਣਾਇਆ ਜਾ ਰਿਹਾ ਏ। ਇਸ ਮੌਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਦੇ ਖ਼ਤਰੇ ਵਿਰੁੱਧ ਸਖ਼ਤੀ ਨਾਲ ਕਾਰਵਾਈ ਕਰ ਰਹੀ ਏ ਤੇ ਉਹ ਆਪਣੇ ਨੌਜਵਾਨਾਂ ਨੂੰ ਇਸ ਖ਼ਤਰੇ ਦਾ ਸ਼ਿਕਾਰ ਨਹੀਂ ਹੋਣ ਦੇਵੇਗੀ। ਕੇਜਰੀਵਾਲ ਨੇ ਕਿਹਾ ਕਿ ਹੁਣ ਰਾਜ ਵਿਚ ਨਸ਼ਾ ਮੁਕਤੀ ਯਾਤਰਾ ਸ਼ੁਰੂ ਹੋ ਗਈ ਏ ਤੇ ਹਰ ਪਿੰਡ ਨੂੰ ਇਸ ਮਹੱਤਵਾਕਾਂਖੀ ਪ੍ਰੋਗਰਾਮ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ।

-----------------------------------------------------

ਭਾਰਤ ਦੇ ਸਟਾਰ ਜੈਵਲਿਨ ਥ੍ਰੋਅਰ ਨੀਰਜ ਚੋਪੜਾ ਦੋਹਾ ਡਾਇਮੰਡ ਲੀਗ ਪੁਰਸ਼ਾਂ ਦੇ ਜੈਵਲਿਨ ਥ੍ਰੋਅ ਮੁਕਾਬਲੇ ਵਿੱਚ ਦੂਜੇ ਸਥਾਨ 'ਤੇ ਰਹੇ। ਰਿਕਾਰਡ ਤੋੜ 90.23 ਮੀਟਰ ਥਰੋਅ ਦੇ ਬਾਵਜੂਦ ਨੀਰਜ ਨੂੰ ਜਰਮਨੀ ਦੇ ਜੂਲੀਅਨ ਵੇਬਰ ਤੋਂ ਪਛਰਣਾ ਪਿਆ, ਜੂਲੀਅਨ ਨੇ 91.06 ਮੀਟਰ ਨਾਲ ਅੰਤਮ ਥਰੋਅ ਕੀਤੀ। ਇਸ ਤੋਂ ਪਹਿਲਾਂ, ਓਲੰਪਿਕ ਤਮਗਾ ਜੇਤੂ ਨੇ ਆਪਣੇ ਕਰੀਅਰ ਵਿੱਚ ਪਹਿਲੀ ਵਾਰ 90-ਮੀਟਰ ਦੀ ਥਰੋਅ

ਨੂੰ ਤੀਜੇ ਦੌਰ ਵਿੱਚ 90.23 ਮੀਟਰ ਦੇ ਜ਼ਬਰਦਸਤ ਥਰੋਅ ਨਾਲ ਤੋੜਿਆ। **BYTE**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੋਹਾ ਡਾਇਮੰਡ ਲੀਗ ਵਿਚ 90 ਮੀਟਰ ਦੇ ਅੰਕੜੇ ਨੂੰ ਪਾਰ ਕਰਨ ਲਈ ਓਲੰਪੀਅਨ ਨੀਰਜ ਚੋਪੜਾ ਨੂੰ ਵਧਾਈ ਦਿੱਤੀ ਏ । ਇਕ ਸੋਸ਼ਲ ਮੀਡੀਆ ਪੋਸਟ ਵਿੱਚ ਪ੍ਰਧਾਨ ਮੰਤਰੀ  ਮੋਦੀ ਨੇ ਇਸ ਪ੍ਰਾਪਤੀ ਨੂੰ ਸ਼ਾਨਦਾਰ ਦੱਸਿਆ ਤੇ ਕਿਹਾ ਕਿ ਐਥਲੀਟ ਦਾ ਨਿੱਜੀ ਸਰਵੋਤਮ ਪ੍ਰਦਰਸ਼ਨ ਉਸ ਦੇ ਅਟੁੱਟ ਸਮਰਪਣ, ਅਨੁਸ਼ਾਸਨ ਤੇ ਜਨੂੰਨ ਦਾ ਨਤੀਜਾ ਏ ।

-----------------------------------------------------------

ਅੱਜ ਦੁਨੀਆ ਭਰ ਵਿਚ ਵਿਸ਼ਵ ਹਾਈਪਰਟੈਨਸ਼ਨ ਦਿਵਸ ਮਨਾਇਆ ਜਾ ਰਿਹਾ ਏ । ਇਸ ਦਿਨ ਦਾ ਉਦੇਸ਼ ਹਾਈ ਬਲੱਡ ਪ੍ਰੈਸ਼ਰ ਨਾਲ ਜੁੜੇ ਜੋਖਮਾਂ ਬਾਰੇ ਜਾਗਰੂਕਤਾ ਪੈਦਾ ਕਰਨਾ ਤੇ ਇਸ ਦੀ ਰੋਕਥਾਮ ਅਤੇ ਪ੍ਰਬੰਧਨ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਨੂੰ ਉਤਸ਼ਾਹਿਤ ਕਰਨਾ ਏ । ਇਸ ਸਾਲ  ਦਾ ਮੁੱਖ ਵਿਸ਼ਾ -"ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਕੰਟਰੋਲ ਕਰੋ, ਲੰਬੇ ਸਮੇਂ ਤੱਕ ਜੀਓ।ਵਿਸ਼ਵ

ਹਾਈਪਰਟੈਨਸ਼ਨ ਦਿਵਸ 2005 ਵਿੱਚ ਵਰਲਡ ਹਾਈਪਰਟੈਨਸ਼ਨ ਲੀਗ ਵਲੋਂ ਸ਼ੁਰੂ ਕੀਤਾ ਗਿਆ ਸੀ, ਜੋ ਕਿ ਇੱਕ ਗੈਰ-ਸਰਕਾਰੀ ਸੰਸਥਾ ਏ, ਜੋ ਦੁਨੀਆ ਭਰ ਵਿੱਚ ਹਾਈ ਬਲੱਡ ਪ੍ਰੈਸ਼ਰ ਬਾਰੇ ਜਾਗਰੂਕਤਾ ਪੈਦਾ ਕਰਨ 'ਤੇ ਕੇਂਦ੍ਰਿਤ ਏ।

---------------------------------------------------------------------

ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ 8 ਅਧਿਕਾਰੀਆਂ ਨੂੰ ਤਰੱਕੀ ਦਿੱਤੀ ਏ । ਦੋ ਡਿਪਟੀ ਡਾਇਰੈਕਟਰਾਂ ਨੂੰ ਸੰਯੁਕਤ ਡਾਇਰੈਕਟਰਾਂ ਵਜੋਂ ਤਰੱਕੀ ਦਿੱਤੀ ਗਈ ਏ ਜਦਕਿ ਪੰਜ ਸੂਚਨਾ ਤੇ ਲੋਕ ਸੰਪਰਕ ਅਧਿਕਾਰੀਆਂ (ਆਈਪੀਆਰਓ) ਤੇ 1 ਆਰਟ ਐਗਜ਼ੀਕਿਊਟਿਵ ਨੂੰ ਡਿਪਟੀ ਡਾਇਰੈਕਟਰ ਵਜੋਂ ਤਰੱਕੀ ਦਿੱਤੀ ਗਈ ਏ । ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਦੀ ਪ੍ਰਵਾਨਗੀ ਤੋਂ ਬਾਅਦ ਅੱਜ ਅੱਠ ਤਰੱਕੀ ਪ੍ਰਾਪਤ ਅਧਿਕਾਰੀਆਂ ਦੇ ਨਿਯੁਕਤੀ ਹੁਕਮ ਜਾਰੀ ਕੀਤੇ ਗਏ। ਇਹ ਤਰੱਕੀਆਂ 8 ਮਈ ਨੂੰ ਹੋਈਆਂ ਵਿਭਾਗੀ ਤਰੱਕੀ ਕਮੇਟੀਆਂ ਦੀਆਂ ਮੀਟਿੰਗਾਂ ਤੋਂ ਬਾਅਦ ਕੀਤੀਆਂ ਗਈਆਂ ਨੇ । ਜਾਰੀ ਕੀਤੇ ਨਿਯੁਕਤੀ ਆਦੇਸ਼ਾਂ ਅਨੁਸਾਰ, ਸੰਯੁਕਤ ਡਾਇਰੈਕਟਰ

ਇਸ਼ਵਿੰਦਰ ਸਿੰਘ ਗਰੇਵਾਲ ਨੂੰ ਚੰਡੀਗੜ੍ਹ ਸਥਿਤ ਮੁੱਖ ਦਫ਼ਤਰ ਵਿਖੇ ਤਾਇਨਾਤ ਕੀਤਾ ਗਿਆ ਏ ਜਦਕਿ ਮਨਵਿੰਦਰ ਸਿੰਘ ਨੂੰ ਸੰਯੁਕਤ ਡਾਇਰੈਕਟਰ ਪ੍ਰੈਸ/ਮੁੱਖ ਮੰਤਰੀ ਨਿਯੁਕਤ ਕੀਤਾ ਗਿਆ ਏ ਤੇ ਉਨ੍ਹਾਂ ਕੋਲ ਬਾਰਡਰ ਰੇਂਜ ਅੰਮ੍ਰਿਤਸਰ ਦਾ ਵਾਧੂ ਚਾਰਜ ਏ । ਇਸੇ ਤਰ੍ਹਾਂ ਡਿਪਟੀ ਡਾਇਰੈਕਟਰਾਂ ਵਿਚੋਂ ਰੁਚੀ ਕਾਲੜਾ ਨੂੰ ਬਠਿੰਡਾ, ਰਸ਼ਿਮ ਵਰਮਾ ਨੂੰ ਮੁੱਖ ਦਫ਼ਤਰ ਵਿੱਚ ਸ੍ਰੀ ਆਨੰਦਪੁਰ ਸਾਹਿਬ ਦਾ ਵਾਧੂ ਚਾਰਜ, ਨਵਦੀਪ ਸਿੰਘ ਗਿੱਲ ਨੂੰ ਮੁੱਖ ਦਫ਼ਤਰ ਚੰਡੀਗੜ੍ਹ, ਪ੍ਰਭਦੀਪ ਸਿੰਘ ਕੌਲਧਰ ਨੂੰ ਮੁੱਖ ਦਫ਼ਤਰ ਵਿੱਚ ਸੰਗਰੂਰ ਦਾ ਵਾਧੂ ਚਾਰਜ, ਹਾਕਮ ਥਾਪਰ ਨੂੰ ਜਲੰਧਰ ਤੇ ਹਰਦੀਪ ਸਿੰਘ ਨੂੰ ਮੁੱਖ ਦਫ਼ਤਰ ਵਿਚ ਤਾਇਨਾਤ ਕੀਤਾ ਗਿਆ ਏ ।

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਖਤਮ ਹੋਈਆਂ ਨਮਸਕਾਰ !**